# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 22-10-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਨਵੀਂ ਦਿੱਲੀ ਵਿੱਚ 5ਵੇਂ ਰਾਸ਼ਟਰੀ ਜਲ ਪੁਰਸਕਾਰ, 2023 ਪ੍ਰਦਾਨ ਕਰਨਗੇ । ਕੇਂਦਰੀ ਜਲ ਸ਼ਕਤੀ ਮੰਤਰੀ ਨੇ 9 ਵਰਗਾਂ ਵਿੱਚ 38 ਜੇਤੂਆਂ ਦਾ ਐਲਾਨ ਕੀਤਾ ਏ । ਸਾਡੇ ਪੱਤਰਕਾਰ ਨੇ ਦੱਸਿਆ ਏ ਕਿ ਇਨ੍ਹਾਂ ਸ਼੍ਰੇਣੀਆਂ ਵਿੱਚ ਸਰਵੋਤਮ ਸੂਬਾ , ਜ਼ਿਲ੍ਹਾ, ਗ੍ਰਾਮ ਪੰਚਾਇਤ, ਸ਼ਹਿਰੀ ਸਥਾਨਕ ਸੰਸਥਾ, ਸਰਵੋਤਮ ਜਲ ਖਪਤਕਾਰ ਐਸੋਸੀਏਸ਼ਨ ਅਤੇ ਨਾਗਰਿਕ ਭਾਈਚਾਰਾ ਸ਼ਾਮਲ ਨੇ । ਉੜੀਸਾ ਨੂੰ 5ਵੇਂ ਰਾਸ਼ਟਰੀ ਜਲ ਪੁਰਸਕਾਰ ਲਈ ਸਰਵੋਤਮ ਸੂਬਾ ਸ਼੍ਰੇਣੀ ਵਿੱਚ ਪਹਿਲਾ ਇਨਾਮ ,ਉੱਤਰ ਪ੍ਰਦੇਸ਼ ਨੂੰ ਦੂਜਾ ਅਤੇ ਗੁਜਰਾਤ ਅਤੇ ਪੁਡੂਚੇਰੀ ਨੂੰ ਤੀਜਾ ਇਨਾਮ ਦਿੱਤਾ ਜਾਵੇਗਾ। ਹਰੇਕ ਪੁਰਸਕਾਰ ਜੇਤੂ ਨੂੰ ਪ੍ਰਸ਼ੰਸਾ ਪੱਤਰ ਅਤੇ ਟਰਾਫੀ ਦੇ ਨਾਲ-ਨਾਲ ਨਕਦ ਇਨਾਮ ਨਾਲ ਸਨਮਾਨਿਤ ਕੀਤਾ ਜਾਂਦਾ ਏ । ਇਹ ਪੁਰਸਕਾਰ, ਲੋਕਾਂ ਨੂੰ ਪਾਣੀ ਦੀ

ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਪਾਣੀ ਦੀ ਬਿਹਤਰ ਵਰਤੋਂ ਕਰਨ ਲਈ ਪ੍ਰੇਰਿਤ ਕਰੇਗਾ।

---------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਲ ਅਧਿਕਾਰੀਆਂ ਨੂੰ ਸੂਬੇ ਭਰ ਦੀਆਂ ਮੰਡੀਆਂ ਵਿੱਚ ਖਰੀਦੇ ਜਾ ਰਹੇ ਝੋਨੇ ਦੀ ਤੇਜੀ ਨਾਲ ਚੁਕਾਈ ਯਕੀਨੀ ਬਣਾਉਣ ਦੇ ਹੁਕਮ ਦਿੱਤੇ ਨੇ। ਸੂਬੇ ਵਿੱਚ ਖਰੀਦ ਕਾਰਜਾਂ ਦਾ ਜਾਇਜਾ ਲੈਣ ਲਈ ਹੋਈ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਝੋਨੇ ਦੀ ਚੁਕਾਈ ਛੇਤੀ ਤੋਂ ਛੇਤੀ ਕੀਤੀ ਜਾਵੇ, ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਸਾਲ 185 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਣ ਦੀ ਉਮੀਦ ਏ। ਮੁੱਖ ਮੰਤਰੀ ਨੇ ਕਿਹਾ ਕਿ ਝੋਨੇ ਦੀ ਖਰੀਦ ਲਈ ਸੂਬੇ ਭਰ ਵਿੱਚ 2651 ਮੰਡੀਆਂ ਸਥਪਿਤ ਕੀਤੀਆਂ ਗਈਆਂ ਨੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚੋਂ ਝੋਨੇ ਦੀ ਚੁਕਾਈ ਲਈ ਜੰਗੀ ਪੱਧਰ 'ਤੇ ਕਰਨ ਲਈ ਕਦਮ ਚੁੱਕੇ ਜਾਣ। ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਅਦਾਇਗੀ

ਲਈ ਪਹਿਲਾਂ ਹੀ 4 ਹਜ਼ਾਰ 27 ਕਰੋੜ ਰੁਪਏ ਜਾਰੀ ਕੀਤੇ ਜਾ ਚੁੱਕੇ ਨੇ ।

----------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਡੇਂਗੂ ਨੂੰ ਫੈਲਣ ਤੋਂ ਰੋਕਣ ਲਈ ਸਮੇਂ ਸਿਰ ਜਾਗਰੂਕਤਾ ਤੇ ਰੋਕਥਾਮ ਕਾਰਵਾਈਆਂ ਅਤੇ ਹੋਰ ਪ੍ਰਬੰਧਾਂ ਕਾਰਨ, ਪੰਜਾਬ ਵਿੱਚ ਪਿਛਲੇ ਸਾਲ ਦੇ ਮੁਕਾਬਲੇ ਡੇਂਗੂ ਦੇ ਮਾਮਲਿਆਂ ਵਿੱਚ ਇਸ ਸਾਲ 70 ਫੀਸਦੀ ਦੀ ਕਮੀ ਦਰਜ ਕੀਤੀ ਗਈ ਏ ਜਦਕਿ ਚਿਕਨਗੁਨੀਆ ਦੇ ਮਾਮਲਿਆਂ ਵਿੱਚ 90 ਫੀਸਦੀ ਦੀ ਕਮੀ ਆਈ ਏ । ਡਾ. ਬਲਬੀਰ ਸਿੰਘ ਨੇ ਕਲ ਮੋਹਾਲੀ ਵਿਖੇ ਇੱਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਇਹ ਜਾਣਕਾਰੀ ਦਿਤੀ । ਉਨ੍ਹਾਂ ਪੰਜਾਬ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਹਰ ਸ਼ੁਕਰਵਾਰ ਡੇਂਗੂ 'ਤੇ ਵਾਰ ਗਤੀਵਿਧੀ ਵਜੋਂ ਖੜ੍ਹੇ ਪਾਣੀ ਨੂੰ ਵਹਾਉਣ ਤੇ ਸਾਫ਼ ਕਰਨ ਲਈ ਯੋਗਦਾਨ ਪਾਉਣ ਕਰਨ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਪੰਜਾਬ ਵਿੱਚ ਡੇਂਗੂ ਦੇ 13 ਹਜ਼ਾਰ ਮਾਮਲੇ ਸਨ, ਇਸ ਸਾਲ ਇਹ ਗਿਣਤੀ 2032 ਏ । ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਸ਼ਹਿਰੀ ਖੇਤਰਾਂ ਵਿੱਚ ਸਥਾਨਕ ਸੰਸਥਾਵਾਂ, ਪੇਂਡੂ ਵਿਕਾਸ ਅਤੇ ਪੇਂਡੂ ਖੇਤਰਾਂ ਦੀਆਂ ਪੰਚਾਇਤਾਂ ਅਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗਾਂ ਵਰਗੇ

ਸਾਰੇ ਹਿੱਸੇਦਾਰਾਂ ਨਾਲ ਤਾਲਮੇਲ ਕਰਕੇ ਵਧੇਰੇ ਸਰਗਰਮੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ  ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਡੇਂਗੂ ਦੇ ਲਾਰਵੇ ਨੂੰ ਨਸ਼ਟ ਕਰਨ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਘਰ-ਘਰ ਜਾ ਕੇ ਜਾਂਚ ਗਤੀਵਿਧੀਆਂ ਨੂੰ ਤੇਜ਼ ਕਰਨ ਲਈ ਕਿਹਾ । ਸਿਹਤ ਮੰਤਰੀ ਨੇ  ਕਿਹਾ ਕਿ ਉਹ, ਡਿਪਟੀ ਕਮਿਸ਼ਨਰ ਤੋਂ ਡੇਂਗੂ ਮਾਮਲਿਆਂ ਦੀ ਹਫ਼ਤਾਵਾਰੀ ਸਮੀਖਿਆ ਰਿਪੋਰਟ ਲੈਣਗੇ।

-----------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਕਲ ਜ਼ੋਨਲ ਯੁਵਾ ਅਤੇ ਵਿਰਾਸਤੀ ਉਤਸਵ-2024 ਦਾ ਆਗਾਜ਼ ਹੋਇਆ ।  ਇਸ ਮੌਕੇ ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ: ਰੇਣੂ ਵਿਗ ਨੇ ਭਾਗ ਲੈਣ ਵਾਲਿਆਂ ਨੂੰ ਪ੍ਰੇਰਿਤ ਕੀਤਾ ਅਤੇ ਵਿਦਿਆਰਥੀਆਂ ਦੇ ਜੀਵਨ ਵਿੱਚ ਪਾਠਕ੍ਰਮ ਤੋਂ ਬਾਹਰਲੀਆਂ ਗਤੀਵਿਧੀਆਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ । ਇਸ ਸਾਲ ਜ਼ੋਨ-ਇਕ  ਵਿੱਚ ਚੰਡੀਗੜ੍ਹ ਖੇਤਰ ਦੇ ਜ਼ੋਨ-ਏ ਅਤੇ ਜ਼ੋਨ-ਬੀ ਦੋਵੇਂ ਸ਼ਾਮਲ ਨੇ । ਵੱਖ-ਵੱਖ ਕਾਲਜਾਂ ਅਤੇ ਸੰਸਥਾਵਾਂ ਦੀਆਂ 19 ਟੀਮਾਂ , ਵੱਖ-ਵੱਖ ਸ਼੍ਰੇਣੀਆਂ ਵਿਚ ਹਿੱਸਾ ਲੈ ਰਹੀਆਂ ਨੇ  । ਪਹਿਲੇ ਦਿਨ ਸ਼ਬਦ, ਭਜਨ, ਲੋਕ ਸਾਜ਼ ਅਤੇ ਲੋਕ ਆਰਕੈਸਟਰਾ ਦੇ

ਸਮਾਗਮ ਕਰਵਾਏ ਗਏ। ਪੰਜ ਦਿਨਾਂ ਯੁਵਕ ਮੇਲੇ ਦੌਰਾਨ ਸੱਤ ਵੱਖ-ਵੱਖ ਥਾਵਾਂ 'ਤੇ ਵੱਖ-ਵੱਖ ਮੁਕਾਬਲੇ ਕਰਵਾਏ ਜਾਣਗੇ ਜਿਨ੍ਹਾਂ ਵਿਚ ਕਰੀਬ 2,000 ਵਿਦਿਆਰਥੀਆਂ ਦੇ ਹਿਸਾ ਲੈਣ ਦੀ ਉਮੀਦ ਏ । ਸਮਾਗਮ ਵਿੱਚ ਪੀ.ਯੂ ਦੇ ਰਜਿਸਟਰਾਰ ਪ੍ਰੋ. ਵਾਈ. ਪੀ. ਵਰਮਾ, DSW ਪ੍ਰੋ: ਅਮਿਤ ਚੌਹਾਨ, ਵਿਦਿਆਰਥੀਆਂ ਅਤੇ ਅਧਿਕਾਰੀਆਂ ਨੇ ਵੀ ਸ਼ਿਰਕਤ ਕੀਤੀ।

---------------------------------------

ਲੁਧਿਆਣਾ ਸਥਿਤ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਸਾਬਕਾ ਭੂਮੀ ਵਿਗਿਆਨੀ ਅਤੇ ਇੰਟਰਨੈਸ਼ਨਲ ਜ਼ਿੰਕ ਐਸੋਸੀਏਸ਼ਨ ਦੇ ਆਨਰੇਰੀ ਮੈਂਬਰ ਡਾ: ਸਲਵਿੰਦਰ ਸਿੰਘ ਧਾਲੀਵਾਲ ਨੂੰ, ਚੋਟੀ ਦੇ 2 ਫੀਸਦੀ ਵਿਗਿਆਨੀਆਂ ਵਿੱਚ ਸ਼ਾਮਿਲ ਕੀਤਾ ਗਿਆ। 2024 ਲਈ ਸਟੈਨ-ਫੋਰਡ ਯੂਨੀਵਰਸਿਟੀ ਦੇ ਆਨਰੇਰੀ ਅਹੁਦਿਆਂ ਦੀ ਸੂਚੀ ਦੇ ਅਨੁਸਾਰ ਡਾ ਧਾਲੀਵਾਲ ਨੇ ਖੇਤੀਬਾੜੀ ਅਤੇ ਭੂਮੀ ਵਿਗਿਆਨ ਦੇ ਖੇਤਰਾਂ ਵਿੱਚੋਂ ਚੋਟੀ ਦਾ ਸਥਾਨ ਹਾਸਲ ਕੀਤਾ ਏ। ਵੱਕਾਰੀ ਦਰਜਾਬੰਦੀ 40 ਵੱਖ-ਵੱਖ ਖੋਜ ਮਾਪਦੰਡਾਂ 'ਤੇ ਅਧਾਰਤ ਸੀ ਜਿਸ ਵਿੱਚ ਹਵਾਲੇ, ਐਚ-ਇੰਡੈਕਸ, ਖੋਜ ਰੁਚੀ, ਉੱਚ-ਪ੍ਰਭਾਵੀ ਰਸਾਲਿਆਂ ਵਿੱਚ ਪ੍ਰਕਾਸ਼ਿਤ ਖੋਜ ਪ੍ਰਕਾਸ਼ਨ ਅਤੇ

30 ਸਾਲਾਂ ਵਿੱਚ ਇਕੱਤਰ ਕੀਤੀਆਂ ਰਣਨੀਤਕ ਤਕਨਾਲੋਜੀਆਂ ਸ਼ਾਮਲ ਸਨ। ਡਾ: ਧਾਲੀਵਾਲ ਨੇ 4,500 ਹਵਾਲੇ ਅਤੇ 31- H-ਇੰਡੈਕਸ ਦੇ ਨਾਲ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਪ੍ਰਸਿੱਧੀ ਵਾਲੇ 290 ਖੋਜ ਪ੍ਰਕਾਸ਼ਨਾਂ ਦੇ ਰੂਪ ਵਿਚ ਅਪਣਾ ਯੋਗਦਾਨ ਪਾਇਆ ਏ। ਖੇਤੀਬਾੜੀ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ: ਸਤਿਬੀਰ ਸਿੰਘ ਗੋਸਲ,ਤੇ ਹੋਰਾਂ ਨੇ ਡਾ: ਧਾਲੀਵਾਲ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ।

-----------------------------------

ਨੌਜਵਾਨਾਂ ਨੂੰ ਨਸ਼ੀਆਂ ਤੋਂ ਦੂਰ ਕਰਨ ਲਈ, ਨੇਹਰੂ ਯੁਵਾ ਕੇਂਦਰ ਪਟਿਆਲਾ ਵੱਲੋਂ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਟੇਟ ਸਪੋਰਟਸ ਯੂਨੀਵਰਸਿਟੀ ਪਟਿਆਲਾ ਦੇ ਸਾਂਝੇ ਸਹਿਯੋਗ ਨਾਲ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਜ਼ਿਲ੍ਹਾ ਯੂਥ ਅਫ਼ਸਰ ਪਟਿਆਲਾ ਵੀਰਦੀਪ ਕੌਰ ਨੇ ਦੱਸਿਆ ਕਿ ਪ੍ਰੋਗਰਾਮ ਦਾ ਮੁੱਖ ਮਕਸਦ ਨੌਜਵਾਨ ਪੀੜੀ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕਰਕੇ ਸਿੱਖਿਅਤ ਕਰਨਾ ਅਤੇ ਉਹਨਾਂ ਰਾਹੀਂ ਸਮਾਜ ਨੂੰ ਸੇਧ ਦਵਾਉਣੀ ਏ। ਡਿਪਟੀ ਮੈਡੀਕਲ ਕਮਿਸ਼ਨਰ ਡਾਕਟਰ ਜਸਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਨਸ਼ੇ ਤੋਂ ਦੂਰ ਰਹਿਣ ਹਿੱਤ ਪ੍ਰੇਰਿਤ ਕੀਤਾ। ਸਹਾਇਕ ਡਾਇਰੈਕਟਰ ਡਾ.

ਦਿਲਵਰ ਸਿੰਘ ਨੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਸ਼ਹਿਰਾਂ ਅਤੇ ਪਿੰਡਾਂ ਵਿਚ ਜਾਗਰੂਕਤਾ ਫਲਾਉਣ ਲਈ ਸੇਧ ਦਿੱਤੀ।